ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਠਿੰਡਾ

## ਕਿਸਾਨ ਕਿਸੇ ਘਬਰਾਹਟ ਵਿਚ ਨਾ ਆਉਣ, ਸਰਕਾਰ ਕਣਕ ਦਾ ਦਾਣਾ ਦਾਣਾ ਖਰੀਦੇਗੀ-ਅਮਰਿੰਦਰ ਸਿੰਘ ਰਾਜਾ ਵੜਿੰਗ

-ਬਠਿੰਡਾ ਜ਼ਿਲ੍ਹੇ ਦੀਆਂ ਮੰਡੀਆਂ ਦਾ ਦੌਰਾ ਕਰਕੇ ਕਿਸਾਨਾਂ ਦੀਆਂ ਮੁਸਕਿਲਾਂ ਦੂਰ ਕੀਤੀਆਂ

-ਜ਼ਿਲ੍ਹੇ ਵਿਚ 85 ਫੀਸਦੀ ਕਣਕ ਦੀ ਖਰੀਦ ਪਹਿਲਾਂ ਹੀ ਹੋ ਚੁੱਕੀ ਹੈ

ਬਠਿੰਡਾ, 9 ਮਈ : ਗਿੱਦੜਬਾਹਾ ਦੇ ਵਿਧਾਇਕ ਸ: ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਅੱਜ ਬਠਿੰਡਾ ਜ਼ਿਲ੍ਹੇ ਦੀਆਂ ਵੱਖ ਵੱਖ ਅਨਾਜ ਮੰਡੀਆਂ ਦਾ ਦੌਰਾ ਕਰਕੇ ਕਿਸਾਨਾਂ ਦੀਆਂ ਮੁਸਕਿਲਾਂ ਸੁਣੀਆਂ ਅਤੇ ਮੌਕੇ ਤੇ ਹੀ ਅਧਿਕਾਰੀਆਂ ਨੂੰ ਇੰਨ੍ਹਾਂ ਸਮੱਸਿਆਵਾਂ ਦੇ ਹੱਲ ਕਰਨ ਦੇ ਨਿਰਦੇਸ਼ ਦਿੱਤੇ। ਇਸ ਦੌਰਾਨ ਉਨ੍ਹਾਂ ਨੇ ਘੁੱਦਾ, ਬਾਂਡੀ, ਪਥਰਾਲਾ, ਸੀਂਗੋ, ਮੌੜ ਖਰੀਦ ਕੇਂਦਰਾਂ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨਾਲ ਹਰਵਿੰਦਰ ਸਿੰਘ ਲਾਡੀ ਵੀ ਵਿਸੇਸ਼ ਤੌਰ ਤੇ ਹਾਜਰ ਸਨ।

ਇਸ ਦੌਰਾਨ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਸ: ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਕਿ ਕਿਸਾਨ ਕਿਸੇ ਘਬਰਾਹਟ ਵਿਚ ਨਾ ਆਉਣ, ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਕਣਕ ਦਾ ਦਾਣਾ ਦਾਣਾ ਖਰੀਦ ਕੀਤਾ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਕਰੋਨਾ ਸੰਕਟ ਦੇ ਬਾਵਜੂਦ ਮੰਡੀਆਂ ਵਿਚੋਂ ਇਸ ਸਾਲ ਜ਼ਿਲ੍ਹੇ ਵਿਚ ਅੰਦਾਜਨ ਪੈਦਾਵਾਰ ਦਾ 85 ਫੀਸਦੀ ਅਨਾਜ ਸਰਕਾਰ ਵੱਲੋਂ ਪਹਿਲਾਂ ਖਰੀਦ ਕੀਤਾ ਜਾ ਚੁੱਕਾ ਹੈ।

ਵਿਧਾਇਕ ਸ: ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਦੱਸਿਆ ਕਿ ਜ਼ਿਲ੍ਹਾ ਬਠਿੰਡਾ ਵਿਚ ਸੁੱਕਰਵਾਰ ਦੀ ਸ਼ਾਮ ਤੱਕ 8,49,590 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਸੀ, ਜਦ ਕਿ ਇਸ ਸਾਲ ਕੋਈ 10 ਲੱਖ ਟਨ ਕਣਕ ਮੰਡੀਆਂ ਵਿਚ ਆਉਣ ਦੀ ਆਸ ਹੈ। ਇਸੇ ਤਰਾਂ ਕਿਸਾਨਾਂ ਨੂੰ 1404 ਕਰੋੜ ਰੁਪਏ ਦੀਆਂ ਅਦਾਇਗੀਆਂ ਵੀ ਜ਼ਿਲ੍ਹੇ ਵਿਚ ਕੀਤੀਆਂ ਜਾ ਚੁੱਕੀਆਂ ਹਨ।

ਸ: ਵੜਿੰਗ ਨੇ ਕਿਹਾ ਕਿ ਸੂਬਾ ਸਰਕਾਰ ਨੇ ਵਿਆਪਕ ਯੋਜਨਾਬੰਦੀ ਕਰਕੇ ਇਕ ਪਾਸੇ ਜਿੱਥੇ ਖਰੀਦ ਕੇਂਦਰਾਂ ਦੀ ਗਿਣਤੀ ਦੁੱਗਣੀ ਕਰ ਦਿੱਤੀ ਸੀ ਉਥੇ ਹੀ ਮੰਡੀਆਂ ਵਿਚ ਸਮਾਜਿਕ ਦੂਰੀ ਦਾ ਨਿਯਮ ਲਾਗੂ ਕਰਨ ਲਈ ਪਾਸ ਪ੍ਰਣਾਲੀ ਲਾਗੂ ਕੀਤੀ ਸੀ, ਜਿਸ ਨਾਲ ਹੁਣ ਤੱਕ ਜਿਆਦਾਤਰ ਕਿਸਾਨ ਆਪਣੀ ਫਸਲ ਵੇਚ ਵੀ ਚੁੱਕੇ ਹਨ ਅਤੇ ਬਕਾਇਆ ਫਸਲ ਦੀ ਵੀ ਖਰੀਦ ਆਉਣ ਵਾਲੇ ਕੁਝ ਦਿਨਾਂ ਵਿਚ ਹੀ ਪੂਰੀ ਹੋ ਜਾਵੇਗੀ।

ਇਸ ਦੌਰਾਨ ਪਥਰਾਲਾ ਮੰਡੀ ਵਿਚ ਵਿਧਾਇਕ ਨੇ ਮੌਕੇ ਤੇ ਹੀ ਹਦਾਇਤ ਕੀਤੀ ਕਿ ਅੱਜ ਹੀ ਇਸ ਮੰਡੀ ਵਿਚ 20 ਹਜਾਰ ਬੋਰੀ ਭੇਜੀ ਜਾਵੇ ਅਤੇ ਫਿਰ ਹਰ ਰੋਜ਼ 10 ਹਜਾਰ ਬੋਰੀ ਮੁਹਈਆ ਕਰਵਾਈ ਜਾਵੇ। ਉਨ੍ਹਾਂ ਨੇ ਕਿਹਾ ਕਿ ਲਾਕਡਾਊਨ ਕਾਰਨ ਪੱਛਮੀ ਬੰਗਾਲ ਤੋਂ ਬਾਰਦਾਨੇ ਦੀ ਸਪਲਾਈ ਵਿਚ ਰੁਕਾਵਟ ਆਈ ਸੀ ਪਰ ਪੰਜਾਬ ਸਰਕਾਰ ਨੇ ਸਥਾਨਕ ਪੱਧਰ ਤੇ ਬਾਰਦਾਨੇ ਦਾ ਪ੍ਰਬੰਧ ਕਰ ਲਿਆ ਹੈ ਅਤੇ ਮੰਡੀਆਂ ਵਿਚ ਕਣਕ ਦੀ ਆਵਕ ਦੇ ਅਨੁਸਾਰ ਨਾਲੋ ਨਾਲ ਮੰਡੀਆਂ ਵਿਚ ਬਾਰਦਾਨਾ ਮਿਲਦਾ ਰਹੇਗਾ।

ਇਸ ਮੌਕੇ ਉਨ੍ਹਾਂ ਨਾਲ ਹਾਜਰ ਜ਼ਿਲ੍ਹਾ ਫੂਡ ਸਪਲਾਈ ਕੰਟਰੋਲ ਸ: ਮਨਦੀਪ ਸਿੰਘ ਮਾਨ ਨੇ ਦੱਸਿਆ ਕਿ ਪਨਗ੍ਰੇਨ ਨੇ 242535 ਮੀਟ੍ਰਿਕ ਟਨ, ਮਾਰਕਫੈਡ ਨੇ 219294 ਮੀਟ੍ਰਿਕ ਟਨ, ਪਨਸਪ ਨੇ 191775 ਮੀਟ੍ਰਿਕ ਟਨ, ਪੰਜਾਬ ਰਾਜ ਗੋਦਾਮ ਨਿਗਮ ਨੇ 131575 ਮੀਟ੍ਰਿਕ ਟਨ, ਭਾਰਤੀ ਖੁਰਾਕ ਨਿਗਮ 63506 ਮੀਟ੍ਰਿਕ ਟਨ ਅਤੇ ਵਪਾਰੀਆਂ ਨੇ 905 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਹੈ।

ਇਸ ਦੌਰਾਨ ਉਨ੍ਹਾਂ ਦੇ ਨਾਲ ਸਿੱਪੀ ਭਾਕਰ, ਜਗਜੀਤ ਸਿੰਘ ਸਿੱਧੂ ਬਲਾਕ ਪ੍ਰਧਾਨ ਸੰਗਤ, ਗੁਰਜੰਟ ਸਿੰਘ ਬਲਾਕ ਪ੍ਰਧਾਨ ਬਠਿੰਡਾ, ਰੌਸ਼ਨ ਸਿੰਘ ਚੇਅਰਮੈਨ ਬਲਾਕ ਸੰਮਤੀ ਸੰਗਤ, ਹਰਦੀਪ ਸਿੰਘ ਚੇਅਰਮੈਨ ਬਲਾਕ ਸੰਮਤੀ ਬਠਿੰਡਾ, ਬਹਾਦਰ ਸਿੰਘ ਸਰਪੰਚ, ਹਰਮੇਲ ਸਿੰਘ ਘੁੱਦਾ, ਹਰਦੀਪ ਸਿੰਘ ਸਰਪੰਚ ਮੁਹਾਣਾ, ਗੁਰਦੀਪ ਸਿੰਘ ਸਰਪੰਚ ਪਥਰਾਲਾ, ਰਾਜਿੰਦਰ ਕੁਮਾਰ ਟੋਨੀ ਮੈਂਬਰ ਸਿਕਾਇਤ ਨਿਵਾਰਨ ਕਮੇਟੀ, ਕਰਨੈਲ ਸਿੰਘ ਸਾਬਕਾ ਪ੍ਰਧਾਨ ਨਗਰ ਕੌਂਸਲ ਮੌੜ ਨਰੇਸ਼ ਕੁਮਾਰ ਭੋਲਾ, ਅਸ਼ੋਕ ਕੁਮਾਰ ਵਕੀਲ, ਭਾਰਤ ਭੂਸਨ ਵਕੀਲ, ਬੀਰਬਲ ਦਾਸ, ਬੁੱਧਰਾਮ, ਗੁਰਧਿਆਨ ਸਿੰਘ, ਰਾਣਾ ਸਿੰਘ, ਦਵਿੰਦਰ ਸਿੰਘ, ਚਿਮਨ ਲਾਲ ਪੂਨੀਆਂ, ਰਾਜਵੀਰ ਆਦਿ ਵੀ ਹਾਜਰ ਸਨ।

ਬਾਕਸ ਲਈ ਪ੍ਰਸਤਾਵਿਤ

ਕਰੋਨਾ ਤੋਂ ਵੀ ਕੀਤਾ ਸੁਚੇਤ

ਇਸ ਦੌਰਾਨ ਕਿਸਾਨਾਂ, ਆੜਤੀਆਂ, ਮੰਡੀ ਵਿਚ ਕੰਮ ਕਰਨ ਵਾਲੇ ਕਾਮਿਆਂ ਨਾਲ ਗੱਲਬਾਤ ਦੌਰਾਨ ਵਿਧਾਇਕ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਉਨ੍ਹਾਂ ਨੂੰ ਕਰੋਨਾ ਦੀ ਬਿਮਾਰੀ ਪ੍ਰਤੀ ਸੂਚੇਤ ਕਰਦਿਆਂ ਸਾਰੀਆਂ ਸਿਹਤ ਸਲਾਹਾਂ ਦਾ ਪਾਲਣ ਕਰਨ ਲਈ ਕਿਹਾ। ਉਨ੍ਹਾਂ ਨੇ ਕਿਹਾ ਕਿ ਬਾਹਰ ਨਿਕਲਦੇ ਸਮੇਂ ਮੂੰਹ ਤੇ ਮਾਸਕ ਜਾਂ ਕਪੜਾ ਜਰੂਰ ਬੰਨੋ, ਹੱਥ ਵਾਰ ਵਾਰ ਧੋਂਦੇ ਰਹੋ ਅਤੇ ਸਮਾਜਿਕ ਦੂਰੀ ਬਣਾ ਕੇ ਰੱਖੋ।

I/23380/2020

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਪ੍ਰਾਈਵੇਟ ਸਕੂਲਾਂ ਨੂੰ ਆਨ ਲਾਈਨ ਪੜ੍ਹਾਈ ਲਈ ਸੀਮਤ ਸਟਾਫ ਨੂੰ ਸਕੂਲ ਬੁਲਾਉਣ ਦੀ ਆਗਿਆ

ਬਠਿੰਡਾ, 9 ਮਈ : ਕਰੋਨਾ ਵਾਇਰਸ ਦੇ ਮੱਦੇਨਜਰ ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀ ਬੀ. ਸ੍ਰੀਨਿਵਾਸਨ ਨੇ ਧਾਰਾ 144 ਜ਼ਾਬਤਾ ਫੌਜਦਾਰੀ ਸੰਘਤਾ 1973 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਿਹਾ ਕਿ ਜ਼ਿਲ੍ਹਾ ਬਠਿੰਡਾ ਦੀ ਹਦੂਦ ਅੰਦਰ ਅੰਦਰ ਪ੍ਰਾਈਵੇਟ ਸਕੂਲਾਂ ਦੇ ਪ੍ਰਿੰਸੀਪਲਾਂ ਨੂੰ 33 ਫੀਸਦੀ (ਵੱਧ ਤੋਂ ਵੱਧ 10 ਸਟਾਫ ਮੈਂਬਰ) ਸਟਾਫ ਬੱਚਿਆਂ ਨੂੰ ਆਨ ਲਾਇਨ ਪੜ੍ਹਾਈ ਕਰਾਉਣ ਦੇ ਮੰਤਵ ਲਈ ਸਕੂਲ ਸੋਮਵਾਰ ਤੋਂ ਸ਼ਨੀਵਾਰ ਤੱਕ ਸਵੇਰੇ 9 ਤੋਂ 1 ਵਜੇ ਤੱਕ ਸਕੂਲ ਵਿਚ ਬੁਲਾਉਣ ਦੀ ਪ੍ਰਵਾਨਗੀ ਸ਼ਰਤਾਂ ਦੇ ਅਧਾਰ `ਤੇ ਦਿੱਤੀ ਗਈ ਹੈ।

ਜ਼ਿਲ੍ਹਾ ਮੈਜਿਸਟ੍ਰੇਟ ਨੇ ਕਿਹਾ ਕਿ ਸਕੂਲ ਖੋਲ੍ਹਣ ਸਮੇਂ ਮੁਲਾਜ਼ਮ ਘੱਟੋਂ ਘੱਟ 2 ਗਜ ਦੀ ਦੂਰੀ ਸੁਨਿਸ਼ਚਿਤ ਕਰਨਗੇ। ਸਕੂਲ ਖੋਲ੍ਹਣ ਤੋਂ ਸਕੂਲ ਪ੍ਰਬੰਧਕ ਪਹਿਲਾਂ ਸਕੂਲ ਦੀ ਬਿਲਡਿੰਗ ਨੂੰ ਸੈਨੀਟਾਈਜ਼ ਕਰਾਉਣਗੇ ਤੇ ਆਪਣੇ ਸਟਾਫ ਲਈ ਮਾਸਕ, ਹੈਂਡ ਸੈਨੀਟਾਈਜ਼ ਤੇ ਦਸਤਾਨਿਆਂ ਦਾ ਪ੍ਰਬੰਧ ਕਰਨਾ ਲਾਜ਼ਮੀ ਬਣਾਉਣਗੇ। ਸਕੂਲ ਖੋਲ੍ਹਣ ਸਮੇਂ ਕਿਸੇ ਵੀ ਬੱਚੇ ਦੇ ਮਾਪਿਆਂ ਨੂੰ ਨਹੀਂ ਬੁਲਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸਕੂਲ ਪ੍ਰਬੰਧਕ ਸਕੂਲ ਖੋਲ੍ਹਣ ਸਮੇਂ ਦੌਰਾਨ ਆਨ ਲਾਇਨ ਪੜ੍ਹਾਈ ਸਬੰਧੀ ਹੀ ਕੰਮ ਕਰਨਾ ਯਕੀਨੀ ਬਣਾਉਣਗੇ। ਇਸ ਤੋਂ ਇਲਾਵਾ ਜ਼ਿਲ੍ਹਾ ਮੈਜਿਸਟ੍ਰੇਟ ਨੇ ਇੱਥੇ ਇਹ ਵੀ ਸਪੱਸ਼ਟ ਕੀਤਾ ਕਿ ਜਿਨ੍ਹਾਂ ਸਕੂਲਾਂ ਤੇ ਕਾਲਜਾਂ ਦੀਆਂ ਬਿਲਡਿੰਗਾਂ ਵਿਚ ਕੁਆਰਨਟਾਈਨ ਕੋਵਿਡ ਸੈਂਟਰ ਬਣਾਏ ਹੋਏ ਹਨ, ਉਨ੍ਹਾਂ `ਤੇ ਇਹ ਹੁਕਮ ਲਾਗੂ ਨਹੀਂ ਹੋਣਗੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਤੇ ਐਲੀਮੈਂਟਰੀ ਉਪਰੋਕਤ ਹਦਾਇਤਾਂ ਨੂੰ ਲਾਗੂ ਕਰਨਾ ਯਕੀਨੀ

ਬਣਾਉਣਗੇ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵੀ ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਦਾ ਪਾਇਆ ਜਾਂਦਾ ਹੈ ਤਾਂ ਉਨ੍ਹਾਂ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

I/23382/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਜ਼ਿਲੇ ਦੇ ਪਿੰਡ ਯਾਤਰੀ ਵਿਖੇ ਬਣਾਏ ਕੁਆਰਨਟਾਈਨ ਸੈਂਟਰ ਤੇ ਸਾਰੇ ਪਿੰਡ ਨੂੰ ਕੀਤਾ ਸੈਨੀਟਾਈਜ਼

ਪਿੰਡ ਪੱਧਰ 'ਤੇ ਬਣਾਈ ਟੀਮ ਨੂੰ ਸੈਨੀਟਾਈਜ਼ਰ ਤੇ ਦਸਤਾਨਿਆਂ ਦੀ ਕੀਤੀ ਵੰਡ

ਪਿੰਡ ਵਾਸੀਆਂ ਨੂੰ ਕਰੋਨਾ ਵਾਇਰਸ ਦੇ ਦੁਸ਼ਪ੍ਰਭਾਵਾਂ ਬਾਰੇ ਕਰਵਾਇਆ ਜਾਣੂ

ਬਠਿੰਡਾ, 9 ਮਈ : ਕੋਵਿਡ 19 ਦੇ ਮੱਦੇਨਜ਼ਰ ਜ਼ਿਲੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ.ਸ੍ਰੀਨਿਵਾਸਨ ਵਲੋਂ ਜਾਰੀ ਕੀਤੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਜਲ ਸਪਲਾਈ ਵਿਭਾਗ ਡਵੀਜ਼ਨ ਨੰਬਰ 3 ਵਲੋਂ ਪਿੰਡ ਯਾਤਰੀ ਬਲਾਕ ਮੌੜ ਵਿਖੇ ਪ੍ਰਾਈਮਰੀ ਸਕੂਲ ਵਿੱਚ ਬਣਾਏ ਕੁਆਰਨਟਾਈਨ ਸੈਂਟਰ ਤੇ ਸਾਰੇ ਵਿਚ ਪਿੰਡ ਸੈਨੀਟਾਈਜ਼ਰ ਸਪਰੇ ਕਰਵਾਈ ਗਈ।

ਇਸ ਬਾਰੇ ਹੋਰ ਜਾਣਕਾਰੀ ਦਿੰਦਿਆਂ ਜਲ ਸਪਲਾਈ ਵਿਭਾਗ ਦੇ ਉਪ ਮੰਡਲ ਇੰਜੀਨੀਅਰ ਸ੍ਰੀ ਅਮਨਦੀਪ ਸਿੰਘ ਬਰਾੜ ਨੇ ਦੱਸਿਆ ਕਿ ਪਿੰਡ ਦੀ ਸੈਨੀਟੇਸ਼ਨ ਟੀਮ ਨੂੰ ਵਿਭਾਗ ਵਲੋਂ ਸੈਨੀਟਾਈਜ਼ਰ ਅਤੇ ਦਸਤਾਨਿਆਂ ਦੀ ਵੀ ਵੰਡ ਕੀਤੀ ਗਈ। ਇਸ ਮੌਕੇ ਇੰਜੀਨੀਅਰ ਸ੍ਰੀ ਅਮਨਦੀਪ ਸਿੰਘ ਬਰਾੜ ਨੇ ਆਮ ਲੋਕਾਂ ਨੂੰ ਕਰੋਨਾ ਵਾਇਰਸ ਦੇ ਦੁਸ਼ਪ੍ਰਭਾਵਾਂ ਬਾਰੇ ਵੀ ਜਾਣਕਾਰੀ ਦਿੱਤੀ ਅਤੇ ਉਨਾਂ ਅਪੀਲ ਕਰਦਿਆਂ ਕਿਹਾ ਕਿ ਕਰੋਨਾ ਵਾਇਰਸ ਦੀ ਇਸ ਯੰਗ ਨੂੰ ਖ਼ਤਮ ਕਰਨ ਲਈ ਸਾਨੂੰ ਸਾਰਿਆਂ ਨੂੰ ਰਲ ਕੇ ਚੱਲਣ ਦੀ ਜ਼ਰੂਰਤ ਹੈ। ਉਨਾਂ ਕਿਹਾ ਕਿ ਸਾਨੂੰ ਸਰਕਾਰ ਵਲੋਂ ਅਤੇ ਜ਼ਿਲਾ ਪ੍ਰਸ਼ਾਸਨ ਵਲੋਂ ਦਿੱਤੀਆਂ ਗਈਆਂ ਸਾਰੀਆਂ ਹਦਾਇਤਾਂ ਦੀ ਪਾਲਣਾ ਕਰਨੀ ਚਾਹੀਦੀ ਹੈ। ਉਨਾਂ ਕਿਹਾ ਕਿ ਜੇਕਰ ਕੋਈ ਬਹੁਤ ਜ਼ਿਆਦਾ ਜ਼ਰੂਰੀ ਕੰਮ ਹੈ ਤਾਂ ਹੀ ਘਰੋਂ ਬਾਹਰ ਨਿਕਲਿਆ ਜਾਵੇ ਨਹੀਂ ਤਾਂ ਆਪਣੇ ਘਰ ਅੰਦਰ ਹੀ ਰਿਹਾ ਜਾਵੇ। ਇਸ ਤੋਂ ਇਲਾਵਾ ਉਨਾਂ ਇਹ ਵੀ ਕਿਹਾ ਕਿ ਆਪਸੀ ਦੂਰੀ ਬਣਾ ਕੇ ਰੱਖੀ ਜਾਵੇ ਤੇ ਘਰਾਂ ਵਿਚ ਸਾਫ਼ ਸਫ਼ਾਈ ਦਾ ਪੂਰਾ ਖਿਆਲ ਰੱਖਿਆ ਜਾਵੇ। ਆਪਣੇ ਮੂੰਹ ਤੇ ਮਾਸਕ ਲਗਾਉਣਾ ਯਕੀਨੀ ਬਣਾਇਆ ਜਾਵੇ।

ਇਸ ਮੌਕੇ ਮੋਟੀਵੇਟਰ ਜਗਦੇਵ ਸਿੰਘ, ਸਰਪੰਚ ਲੱਛਮਣ ਸਿੰਘ ਤੇ ਸਮੂਹ ਗ੍ਰਾਮ ਪੰਚਾਇਤ ਮੌਜੂਦ ਸੀ।

I/23354/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਸਾਰੇ ਬੈਂਕ ਕੰਮਕਾਜੀ ਦਿਨਾਂ ਦੌਰਾਨ ਸਵੇਰੇ 9 ਤੋਂ 1 ਵਜੇ ਤੱਕ ਆਮ ਪਬਲਿਕ ਲਈ ਖੁੱਲਣਗੇ

ਬਠਿੰਡਾ, 9 ਮਈ

ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀ ਬੀ ਸ੍ਰੀ ਨਿਵਾਸਨ ਨੇ ਹੁਕਮ ਜਾਰੀ ਕਰਕੇ ਜ਼ਿਲ੍ਹੇ ਦੀਆਂ ਬੈਂਕਾਂ ਨੂੰ ਸਾਰੇ ਬੈਂਕਿੰਗ ਕੰਮਕਾਜੀ ਦਿਨਾਂ ਨੂੰ ਖੋਲਣ ਦੀ ਪ੍ਰਵਾਨਗੀ ਦਿੱਤੀ ਹੈ। ਪਰ ਇਸ ਦੌਰਾਨ ਬੈਂਕਾਂ ਆਮ ਲੋਕਾਂ ਨਾਲ ਲੈਣਦੇਣ ਸਿਰਫ ਸਵੇਰੇ 9 ਤੋਂ ਬਾਅਦ ਦੁਪਹਿਰ 1 ਵਜੇ ਤੱਕ ਹੀ ਕਰ ਸਕਣਗੀਆਂ। ਇਸ ਤੋਂ ਬਾਅਦ ਉਹ ਆਪਣਾ ਅੰਦਰੂਨੀ ਦਫ਼ਤਰੀ ਕੰਮ ਕਰਣਗੇ। ਇਸੇ ਤਰਾਂ

ਏਟੀਐਮ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਖੁੱਲਣਗੇ। ਇਸੇ ਤਰਾਂ ਬੈਂਕਾਂ ਦੇ ਬਿਜਨਸ ਕੌਰਸਪੌਂਡੈਂਟ ਸਮਾਜਿਕ ਦੂਰੀ ਦੇ ਨਿਯਮ ਦਾ ਖਿਆਲ ਕਰਦੇ ਹੋਏ ਕੰਮ ਕਰਣਗੇ। ਬੀਮਾ ਕੰਪਨੀਆਂ, ਕੋਆਪ੍ਰੇਟਿਗ ਕ੍ਰੈਡਿਟ ਸੁਸਾਇਟੀਆਂ, ਨਾਨ ਬੈਂਕਿੰਗ ਫਾਇਨੈਂਸਿੰਅਲ ਇੰਸਟੀਚਿਊਸ਼ਨਜ, ਹਾਊਸਿੰਗ ਫਾਇਨੈਂਸ ਕੰਪਨੀਜ਼, ਮਾਇਕ੍ਰੋ ਫਾਇਨੈਂਸ ਕੰਪਨੀਜ਼ ਐਂਡ ਮਾਇਕ੍ਰੋ ਫਾਇਨੈਂਸ ਇੰਸਟੀਚਿਊਸ਼ਨਜ਼ ਆਪਣੇ ਘੱਟ ਤੋਂ ਘੱਟ ਸਟਾਫ ਨਾਲ ਸਵੇਰੇ 9 ਤੋਂ 1 ਵਜੇ ਤੱਕ ਕੰਮ ਕਰ ਸਕਣਗੇ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਕੌਨਟੇਨਮੈਂਟ ਏਰੀਆ ਵਿਚ ਹੋ ਰਿਹਾ ਸੈਨੇਟਾਈਜਰ ਦਾ ਛਿੜਕਾਅ, ਸਿਹਤ ਜਾਂਚ ਵੀ ਜਾਰੀ

-ਜ਼ਿਲ੍ਹੇ ਦੇ 20 ਹੋਰ ਨਮੂਨਿਆਂ ਦੀ ਰਿਪੋਟ ਆਈ ਨੈਗੇਟਿਵ

ਬਠਿੰਡਾ, 9 ਮਈ ਬਠਿੰਡਾ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਉਧਮ ਸਿੰਘ ਨਗਰ ਮੁੱਹਲੇ ਤੋਂ ਬੀਤੇ ਦਿਨ ਇਕ ਜਣੇ ਦੇ ਕਰੋਨਾ ਪਾਜਿਟਵ ਆਉਣ ਤੋਂ ਬਾਅਦ ਮੁਹੱਲੇ ਦੀਆਂ ਦੋ ਗਲੀਆਂ ਨੂੰ ਸੀਲ ਕਰਕੇ ਇਸਨੂੰ ਕੌਟਨੇਟਮੈਂਟ ਖੇਤਰ ਐਲਾਇਆ ਗਿਆ ਸੀ। ਉਨ੍ਹਾਂ ਨੇ ਕਿਹਾ ਕਿ ਇਸ ਇਲਾਕੇ ਵਿਚ ਦੋ ਵਾਰ ਸੈਨੇਟਾਈਜਰ ਛਿੜਕਨ ਦੇ ਨਿਰਦੇਸ਼ ਦਿੱਤੇ ਗਏ ਹਨ। ਇਸ ਤੋਂ ਬਿਨ੍ਹਾਂ ਸਬੰਧਤ ਦੇ 19 ਪਰਿਵਾਰਕ ਮੈਂਬਰਾਂ ਅਤੇ ਸੰਪਰਕਾਂ ਨੂੰ ਪਹਿਲਾਂ ਹੀ ਕੁਆਰਨਟਾਈਨ ਕਰ ਲਿਆ ਗਿਆ ਹੈ। ਇਸ ਤੋਂ ਬਿਨ੍ਹਾਂ ਕੋਨਟੇਨਮੈਂਟ ਏਰੀਏ ਵਿਚ ਲੋਕਾਂ ਦੇ ਘਰਾਂ ਤੱਕ ਬੁਨਿਆਦੀ ਵਸਤਾਂ ਦੀ ਸਪਲਾਈ ਦਿੱਤੀ ਜਾ ਰਹੀ ਹੈ। ਇਸ ਇਲਾਕੇ ਵਿਚ ਵੇਰਕਾ ਵੱਲੋਂ ਦੁੱਧ ਦੀ ਸਪਲਾਈ ਵੀ ਭੇਜੀ ਗਈ ਹੈ ਜਦ ਕਿ ਸਿਹਤ ਵਿਭਾਗ ਦੀਆਂ ਟੀਮਾਂ ਇਲਾਕੇ ਦੇ ਲੋਕਾਂ ਦੀ ਨਿਯਮਤ ਤੌਰ ਤੇ ਸਿਹਤ ਜਾਂਚ ਕਰ ਰਹੀਆਂ ਹਨ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਇਲਾਕੇ ਵਿਚੋ ਨਾ ਤਾਂ ਕੋਈ ਬਾਹਰ ਜਾ ਸਕਦਾ ਹੈ ਅਤੇ ਨਾ ਹੀ ਕੋਈ ਬਾਹਰੀ ਵਿਅਕਤੀ ਅੰਦਰ ਜਾ ਸਕਦਾ ਹੈ। ਉਨ੍ਹਾਂ ਨੇ ਇਸ ਮੌਕੇ ਉਨ੍ਹਾਂ ਨੇ ਜ਼ਿਲ੍ਹਾ ਵਾਸੀਆਂ ਨੂੰ ਸਿਹਤ ਸਲਾਹਾਂ ਦਾ ਸਖ਼ਤੀ ਨਾਲ ਪਾਲਣ ਕਰਨ ਦੀ ਅਪੀਲ ਵੀ ਕੀਤੀ।

ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਇਹ ਵੀ ਦੱਸਿਆ ਕਿ ਬੀਤੇ ਕੱਲ ਜ਼ਿਲ੍ਹੇ ਤੋਂ 35 ਨਮੂਨੇ ਜਾਂਚ ਲਈ ਭੇਜੇ ਗਏ ਸਨ ਜਦ ਕਿ ਅੱਜ 20 ਹੋਰ ਨਮੂਨਿਆਂ ਦੀਆਂ ਨੈਗੇਟਿਵ ਰਿਪੋਰਟਾਂ ਪ੍ਰਾਪਤ ਹੋਈਆਂ ਹਨ।

I/23352/2020